# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਮੇਅਰ ਸ਼ਿਵ ਸੂਦ ਨੇ ਮੁਹੱਲਾ ਸੁੰਦਰ ਨਗਰ ਦੀਆਂ ਗਲੀਆਂ ਵਿੱਚ ਲਗਾਈਆਂ ਜਾ ਰਹੀਆਂ ਇੰਨਟਰਲਾਕਿੰਗ ਟਾਈਲਾਂ ਦੀ ਕੁਆਲਟੀ ਦੀ ਕੀਤੀ ਅਚਨਚੇਤ ਚੈਕਿੰਗ।

ਹੁਸ਼ਿਆਰਪੁਰ 23 ਦਸੰਬਰ ਨਗਰ ਨਿਗਮ ਹੁਸ਼ਿਆਰਪੁਰ ਦੇ ਮੁਹੱਲਾ ਸੁੰਦਰ ਨਗਰ ਦੀਆਂ ਵੱਖ-ਵੱਖ ਗਲੀਆਂ ਵਿੱਚ ਲਗਾਈਆਂ ਜਾ ਰਹੀਆਂ ਇੰਨਟਰਲਾਕਿੰਗ ਟਾਇਲਾਂ ਅਤੇ ਵਰਤੇ ਜਾ ਰਹੇ ਮਟੀਰੀਅਲ ਦੀ ਮੇਅਰ ਸ਼ਿਵ ਸੂਦ ਨੇ ਅਚਨਚੇਤ ਚੈਕਿੰਗ ਕੀਤੀ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ, ਕੌਂਸਲਰ ਬਲਵਿੰਦਰ ਬਿੰਦੀ ਅਤੇ ਵਿਨੋਦ ਪਰਮਾਰ ਵੀ ਇਸ ਮੌਕੇ ਤੇ ਉਹਨਾਂ ਦੇ ਨਾਲ ਸਨ। ਇਸ ਮੌਕੇ ਤੇ ਉਹਨਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਗਰ ਨਿਗਮ ਦੇ ਵੱਖ-ਵੱਖ ਵਾਰਡਾਂ ਵਿਚ ਚੱਲ ਰਹੇ ਇੰਨਟਰਲਾਕਿੰਗ ਟਾਈਲਾਂ ਲਗਾਉਣ ਦੇ ਕੰਮ ਵਿਚ ਉੱਚ ਕੁਆਲਟੀ ਦੀਆਂ ਆਈ.ਐਸੀ.ਆਈ ਮਾਰਕਾ ਦੀਆਂ ਹੀ ਟਾਈਲਾਂ ਲਗਾਈਆਂ ਜਾ ਰਹੀਆਂ ਹਨ। ਇਸ ਮੌਕੇ ਤੇ ਉਹਨਾਂ ਨੇ ਮੁਹੱਲਾ ਵਾਸੀਆਂ ਨਾਲ ਗਲੀਆ ਬਣਾਉਣ ਤੇ ਵਰਤੇ ਜਾਣ ਵਾਲੇ ਮਟੀਰੀਅਲ ਦੀ ਉੱਚ ਕੁਆਲਟੀ ਸਬੰਧੀ ਗੱਲਬਾਤ ਕੀਤੀ ਜਿਸ ਤੇ ਮੁਹੱਲਾ ਵਾਸੀਆਂ ਨੇ ਤਸੱਲੀ ਦਾ ਪ੍ਰਗਟਾਵਾਂ ਕੀਤਾ। ਮੇਅਰ ਸ਼ਿਵ ਸੂਦ ਨੇ ਸਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਉਹ ਵੱਖ-ਵੱਖ ਵਾਰਡਾਂ ਵਿਚ ਚੱਲ ਰਹੇ ਵਿਕਾਸ ਕਾਰਜਾਂ ਦੀ ਅਚਨਚੇਤ ਚੈਕਿੰਗ ਕਰਨ ਅਤੇ ਵਰਤੇ ਜਾ ਰਹੇ ਮਟੀਰੀਅਲ ਦੀ ਉੱਚ ਕੁਆਲਟੀ ਦਾ ਵਿਸ਼ੇਸ਼ ਧਿਆਨ ਰੱਖਣ।